# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :29-08-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਭਾਰਤ ਦੀਆਂ ਸਭ ਤੋਂ ਮਹਾਨ ਖੇਡ ਸ਼ਖਸ਼ੀਅਤਾਂ ਵਿੱਚੋਂ ਇੱਕ, ਮੇਜਰ ਧਿਆਨ ਚੰਦ ਦੇ ਜਨਮ ਦਿਨ ਮੌਕੇ ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ।
- ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਪ੍ਰਸ਼ਾਸਕੀ ਸਕੱਤਰਾਂ ਅਤੇ ਵਿਭਾਗਾਂ ਦੇ ਮੁਖੀਆਂ ਨੂੰ, 27 ਅਗਸਤ ਦੀ ਸਮੂਹਿਕ ਛੁੱਟੀ ਵਿੱਚ ਹਿੱਸਾ ਲੈਣ ਵਾਲੇ ਸਾਰੇ ਮੁਲਾਜ਼ਮਾਂ ਨੂੰ ਕਾਰਨ-ਦੱਸੋ ਨੋਟਿਸ ਜਾਰੀ ਕਰਨ ਦੇ ਨਿਰਦੇਸ਼ ਦਿੱਤੇ।
- ਪੰਜਾਬ ਸਰਕਾਰ ਵੱਲੋਂ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਗੇੜ ਤਹਿਤ 10 ਦਿਨਾਂ ਸੂਬਾ ਪੱਧਰੀ ਸਫ਼ਾਈ ਮੁਹਿੰਮ ਦੀ ਸ਼ੁਰੂਆਤ।

ਅਤੇ

- ਪੰਜਾਬ ਸਰਕਾਰ ਨੇ ਆਸ਼ਰਿਤ ਤੇ ਅਨਾਥ ਬੱਚਿਆਂ ਦੇ ਬਿਹਤਰ ਭਵਿੱਖ ਲਈ, 181 ਕਰੋੜ ਤੋਂ ਵੱਧ ਰੁਪਏ ਜਾਰੀ ਕੀਤੇ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 137ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOU-TUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------------

ਭਾਰਤ ਦੀਆਂ ਸਭ ਤੋਂ ਮਹਾਨ ਖੇਡ ਸ਼ਖਸ਼ੀਅਤਾਂ ਵਿੱਚੋਂ ਇੱਕ, ਮੇਜਰ ਧਿਆਨ ਚੰਦ ਦੇ ਜਨਮ ਦਿਨ ਮੌਕੇ ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਭਾਰਤ ਦੇ ਅਮੀਰ ਖੇਡ

ਵਿਰਸੇ ਦਾ ਜਸ਼ਨ ਮਨਾਉਂਦਾ ਏ ਅਤੇ ਲੋਕਾਂ ਨੂੰ ਖੇਡਾਂ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਨਿਯਮਤ ਹਿੱਸਾ ਬਣਾਉਣ ਲਈ ਉਤਸ਼ਾਹਿਤ ਕਰਦਾ ਏ । ਪੇਸ਼ ਏ ਇਕ ਇੱਕ ਰਿਪੋਰਟ BYTE-RNU290826

*ਰਾਸ਼ਟਰੀ ਖੇਡ ਦਿਵਸ 2026 ਨੂੰ ਤਿੰਨ ਦਿਨਾਂ ਦੇਸ਼ ਵਿਆਪੀ ਮੁਹਿੰਮ ਵਜੋਂ ਮਨਾਇਆ ਜਾ ਰਿਹਾ ਏ । ਇਸ ਸਾਲ, ਰਾਸ਼ਟਰੀ ਖੇਡ ਦਿਵਸ "ਇੱਕ ਘੰਟਾ ਖੇਲ ਕੇ ਮੈਦਾਨ ਮੇਂ " ਦੇ ਸੱਦੇ ਹੇਠ ਮਨਾਇਆ ਜਾ ਰਿਹਾ ਏ । ਇਸ ਮੌਕੇ ਨੂੰ ਮਨਾਉਣ ਲਈ ਦੇਸ਼ ਭਰ ਵਿੱਚ ਵੱਖ-ਵੱਖ ਖੇਡ ਗਤੀਵਿਧੀਆਂ ਕਰਾਈਆਂ ਜਾ ਰਹੀਆਂ ਨੇ. ਦਿੱਲੀ ਵਿੱਚ, ਕੇਂਦਰੀ ਮੰਤਰੀ ਡਾ. ਮਨਸੁਖ ਮੰਡਾਵੀਆ ਅਤੇ ਅਰਜੁਨ ਰਾਮ ਮੇਘਵਾਲ ਨੇ ਮੁਹਿੰਮ ਦੇ ਤਹਿਤ ਇੱਕ ਕ੍ਰਿਕੇਟ ਮੈਚ ਵਿੱਚ ਹਿੱਸਾ ਲਿਆ। ਮੀਡੀਆ ਨਾਲ ਗੱਲਬਾਤ ਕਰਦਿਆਂ, ਡਾ. ਮਾਂਡਵੀਆ ਨੇ ਲੋਕਾਂ ਨੂੰ ਤੰਦਰੁਸਤ ਅਤੇ ਸਿਹਤਮੰਦ ਰਹਿਣ ਲਈ ਹਰ ਹਫ਼ਤੇ ਘੱਟੋ-ਘੱਟ ਇੱਕ ਘੰਟਾ ਖੇਡ ਦੇ ਮੈਦਾਨ ਵਿੱਚ ਬਿਤਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਖੁਸ਼ਹਾਲ ਰਾਸ਼ਟਰ ਬਣਾਉਣ ਲਈ ਇੱਕ ਤੰਦਰੁਸਤ ਨੌਜਵਾਨ ਅਤੇ ਇੱਕ ਸਿਹਤਮੰਦ ਸਮਾਜ ਜ਼ਰੂਰੀ ਏ - byte – MANSUKH ON DHYAN CHAND*

*ਸਰਕਾਰ ਭਾਰਤ ਦੇ ਖੇਡ ਸਿਲਸਿਲੇ ਵਿੱਚ ਨਿਰੰਤਰ ਨਿਵੇਸ਼ ਕਰ ਰਹੀ ਏ, ਜਿਸ ਦੇ ਨਤੀਜੇ ਵਿਸ਼ਵ ਪੱਧਰ 'ਤੇ ਵੱਧ ਤੋਂ ਵੱਧ ਦਿਖਾਈ ਦੇ ਰਹੇ ਨੇ. ਖੇਲੋ ਇੰਡੀਆ, ਟਾਰਗੇਟ ਓਲੰਪਿਕ ਪੋਡੀਅਮ ਸਕੀਮ, ਅਤੇ ਖੇਲੋ ਇੰਡੀਆ ਰਾਈਜ਼ਿੰਗ ਟੈਲੇਂਟ ਆਈਡੈਂਟੀਫਿਕੇਸ਼ਨ ਵਰਗੀਆਂ ਪਹਿਲਕਦਮੀਆਂ ਖੇਡ ਸਿਲਸਿਲੇ ਨੂੰ ਮਜ਼ਬੂਤ ਕਰ ਰਹੀਆਂ ਨੇ ਅਤੇ ਖਿਡਾਰੀਆਂ ਨੂੰ ਉੱਚ ਪੱਧਰੀ ਮੁਕਾਬਲੇਬਾਜ਼ੀ ਲਈ ਤਿਆਰ ਕਰਨ ਵਿੱਚ ਮਦਦ ਕਰ ਰਹੀਆਂ ਨੇ. ਰਾਜੇਸ਼ ਬਾਲੀ -ਆਕਾਸ਼ਵਾਣੀ ਖਬਰਾਂ, ਜਲੰਧਰ*

-----------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਨੇ ਰਾਸ਼ਟਰੀ ਖੇਡ ਦਿਵਸ 'ਤੇ ਦੇਸ਼ ਨੂੰ ਵਧਾਈ ਦਿੱਤੀ ਏ। ਭਾਰਤੀ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਦ੍ਰਿੜਤਾ, ਅਨੁਸ਼ਾਸਨ ਅਤੇ ਉੱਤਮਤਾ ਦੀ ਭਾਵਨਾ ਭਾਰਤ ਦੇ ਖੇਡ ਸੱਭਿਆਚਾਰ ਦੀ ਬੁਨਿਆਦ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਭਾਰਤੀ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤੀ ਹਾਕੀ ਦੇ ਮਹਾਨ ਪ੍ਰਤਿਭਾਵਾਂ ਵਿੱਚੋਂ ਇੱਕ ਦੇ ਰੂਪ ਵਿੱਚ, ਮੇਜਰ ਧਿਆਨ ਚੰਦ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣਗੇ। ਸਾਰੇ ਖੇਡ ਪ੍ਰੇਮੀਆਂ ਨੂੰ ਰਾਸ਼ਟਰੀ ਖੇਡ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਸਮਰਪਣ, ਜਨੂੰਨ ਅਤੇ ਦ੍ਰਿੜ ਇਰਾਦਾ ਦੇਸ਼ ਨੂੰ ਮਾਣ ਦਿਵਾਉਂਦਾ ਏ।

---------------------------------------------------------------------------

ਏਧਰ ਬੀ.ਐਸ.ਐਫ ਪੰਜਾਬ ਫਰੰਟੀਅਰ ਨੇ ਜਲੰਧਰ ਵਿੱਚ ਆਪਣੇ ਫਰੰਟੀਅਰ ਹੈੱਡਕੁਆਰਟਰ ਵਿਖੇ ਖੇਡ ਗਤੀਵਿਧੀਆਂ ਦੀ ਇੱਕ ਲੜੀ ਦੇ ਨਾਲ ਕੌਮੀ ਖੇਡ ਦਿਵਸ ਮਨਾਇਆ। ਪੰਜਾਬ ਫਰੰਟੀਅਰ ਦੀ ਬੀ.ਐਸ.ਐਫ ਫੁੱਟਬਾਲ ਟੀਮ ਅਤੇ ਖਾਲਸਾ ਕਾਲਜ ਟੀਮ, ਜਲੰਧਰ ਵਿਚਕਾਰ ਇੱਕ ਫੁੱਟਬਾਲ ਸ਼ੋਅ ਮੈਚ ਖੇਡਿਆ ਗਿਆ। ਬੀ.ਐਸ.ਐਫ ਦੇ

ਅਸ਼ਵਨੀ ਸਟੇਡੀਅਮ ਦੇ ਐਸਟ੍ਰੋ-ਟਰਫ ਗਰਾਊਂਡ ਵਿੱਚ ਬੀ.ਐਸ.ਐਫ ਹਾਕੀ ਟੀਮ ਅਤੇ ਆਲ ਇੰਡੀਆ ਪੁਲਿਸ ਖੇਡ ਕੰਟਰੋਲ ਬੋਰਡ ਟੀਮ ਵਿਚਕਾਰ ਇੱਕ ਹਾਕੀ ਮੈਚ ਵੀ ਕਰਵਾਇਆ ਗਿਆ। ਖਿਡਾਰੀਆਂ ਨੇ ਮੈਚ ਦੌਰਾਨ ਉੱਚ ਪੱਧਰੀ ਖੇਡ ਹੁਨਰ ਅਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕੀਤਾ। ਬੀ.ਐਸ.ਐਫ ਸੀਨੀਅਰ ਸੈਕੰਡਰੀ ਸਕੂਲ, ਜਲੰਧਰ ਨੇ ਵੀ ਇਸ ਮਹੱਤਵਪੂਰਨ ਮੌਕੇ ਦੇ ਹਿੱਸੇ ਵਜੋਂ ਫੁੱਟਬਾਲ, ਬਾਸਕਟਬਾਲ ਅਤੇ ਵਾਲੀਬਾਲ ਸਮੇਤ ਕਈ ਖੇਡ ਪ੍ਰੋਗਰਾਮ ਕਰਵਾਏ।

---------------------------------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਪ੍ਰਸ਼ਾਸਕੀ ਸਕੱਤਰਾਂ ਅਤੇ ਵਿਭਾਗਾਂ ਦੇ ਮੁਖੀਆਂ ਨੂੰ, 27 ਅਗਸਤ ਦੀ ਸਮੂਹਿਕ ਛੁੱਟੀ ਵਿੱਚ ਹਿੱਸਾ ਲੈਣ ਵਾਲੇ ਸਾਰੇ ਮੁਲਾਜ਼ਮਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਨੇ। ਸਰਕਾਰ ਨੇ ਸਬੰਧਤ ਅਨੁਸ਼ਾਸਨੀ ਅਧਿਕਾਰੀਆਂ ਨੂੰ ਸੁਝਾਅ ਦਿੱਤਾ ਏ ਕਿ ਉਹ ਉਨ੍ਹਾਂ ਮੁਲਾਜ਼ਮਾਂ ਖ਼ਿਲਾਫ਼ ਨਿਯਮ ਮੁਤਾਬਿਕ ਸਖ਼ਤ ਅਨੁਸ਼ਾਸਨੀ ਕਾਰਵਾਈ ਕਰਨ ਜੋ ਉਸ ਦਿਨ ਅਣ-ਅਧਿਕਾਰਤ ਤੌਰ 'ਤੇ ਗੈਰਹਾਜ਼ਰ ਸਨ। ਸੂਬਾ ਸਰਕਾਰ ਦੇ ਲੱਖਾਂ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੇ 27 ਅਗਸਤ ਨੂੰ ਮਹਿੰਗਾਈ ਭੱਤਾ ਜਾਰੀ ਕਰਨ ,ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਤੋਂ ਇਲਾਵਾ ਹੋਰ ਕਈ ਲੰਬੇ ਸਮੇਂ ਤੋਂ ਚੱਲ ਰਹੀਆਂ ਸੇਵਾ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਸਮੇਤ ਆਪਣੀਆਂ

ਲੰਬੇ ਸਮੇਂ ਤੋਂ ਬਕਾਇਆ ਰਹੀਆਂ ਮੰਗਾਂ ਦੇ ਵਿਰੋਧ ਵਿੱਚ 'ਮਹਾਂ ਹੜਤਾਲ' ਕੀਤੀ ਸੀ। ਇਹ  ਨਿਰਦੇਸ਼ ਅਮਲ ਵਿਭਾਗ ਦੇ ਇੱਕ ਪੁਰਾਣੇ ਹੁਕਮ ਤੋਂ ਬਾਅਦ ਆਇਆ ਐ ਜਿਸ ਵਿੱਚ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ 27 ਅਗਸਤ ਨੂੰ ਅਣ-ਅਧਿਕਾਰਤ ਛੁੱਟੀ ਲੈਣ ਵਾਲੇ ਮੁਲਾਜ਼ਮਾਂ ਦੀਆਂ ਸੂਚੀਆਂ ਤਿਆਰ ਕਰਨ ਲਈ ਕਿਹਾ ਗਿਆ ਸੀ। ਇਸ ਤੋਂ ਪਹਿਲਾਂ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜਿਨ੍ਹਾਂ ਨੂੰ 27 ਅਗਸਤ ਨੂੰ ਜਲੰਧਰ ਵਿਖੇ ਯੂਨੀਅਨ ਆਗੂਆਂ ਨਾਲ ਮਿਲਣਾ ਸੀ, ਨੇ ਉਨ੍ਹਾਂ ਨਾਲ ਆਪਣੀ ਨਿਰਧਾਰਤ ਗੱਲਬਾਤ ਉਸ ਸਮੇਂ ਰੱਦ ਕਰ ਦਿੱਤੀ ਸੀ ਜਦੋਂ ਤੱਕ ਉਹ ਆਪਣੀ ਹੜਤਾਲ ਖਤਮ ਨਹੀਂ ਕਰਦੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਹੜਤਾਲ ਕਰ ਰਹੇ ਕਰਮਚਾਰੀਆਂ ਨੂੰ ਸਪੱਸ਼ਟ ਕਰ ਦਿੱਤਾ ਸੀ ਕਿ ਸਰਕਾਰ ਉਨ੍ਹਾਂ ਦੇ ਹਰ ਮੁੱਦੇ ਦਾ ਹੱਲ ਲੱਭਣ ਲਈ ਵਚਨਬੱਧ ਏ ਪਰ ਗੱਲਬਾਤ ਅਤੇ ਹੜਤਾਲਾਂ ਇੱਕੋ ਸਮੇਂ ਨਹੀਂ ਚੱਲ ਸਕਦੀਆਂ।

--------------------------------------------------------------------------------

ਪੰਜਾਬ ਸਰਕਾਰ ਨੇ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਗੇੜ ਤਹਿਤ ਅੱਜ ਤੋਂ 10 ਦਿਨਾਂ ਸੂਬਾ ਪੱਧਰੀ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਏ । ਇਸੇ ਤਹਿਤ ਕੂੜੇ ਦੇ ਢੇਰਾਂ ਵਾਲੀਆਂ ਥਾਵਾਂ ਖ਼ਤਮ ਕਰਨ ਲਈ ਸ਼ੁਰੂ ਕੀਤੇ 10 ਦਿਨਾਂ ਸੂਬਾ ਪੱਧਰੀ ਸਫਾਈ ਅਭਿਆਨ ਤਹਿਤ ਪੰਜਾਬ ਦੇ

ਬਾਗਬਾਨੀ ਮੰਤਰੀ ਮੋਹਿੰਦਰ ਭਗਤ, ਮੇਅਰ ਵਿਨੀਤ ਧੀਰ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਅੱਜ ਜਲੰਧਰ ਭਗਵਾਨ ਮਹਾਵੀਰ ਮਾਰਗ ਵਿਖੇ ਸਫ਼ਾਈ ਮੁਹਿੰਮ ਦੀ ਚਲਾਈ । ਉਨ੍ਹਾਂ ਸਫ਼ਾਈ ਕਰਮੀਆਂ ਦੇ ਨਾਲ ਖੁਦ ਸੜਕ 'ਤੇ ਝਾੜੂ ਲਗਾਇਆ । ਇਹ ਮੁਹਿੰਮ ਦਾ ਮਕਸਦ ਖੁੱਲ੍ਹੇ ਵਿੱਚ ਕੂੜਾ ਸੁੱਟਣ ਵਾਲੀਆਂ ਥਾਵਾਂ ਨੂੰ ਹਟਾਉਣਾ ਅਤੇ ਉਨ੍ਹਾਂ ਨੂੰ ਦੁਬਾਰਾ ਬਣਨ ਤੋਂ ਰੋਕਣਾ ਏ । ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀਆਂ, ਵਿਧਾਇਕਾਂ, ਡਿਪਟੀ ਕਮਿਸ਼ਨਰਾਂ, ਨਗਰ ਨਿਗਮ ਕਮਿਸ਼ਨਰਾਂ ਅਤੇ ਹੋਰਨਾਂ ਅਧਿਕਾਰੀਆਂ ਨੂੰ ਆਖਿਆ ਗਿਆ ਏ ਕਿ ਫੀਲਡ ਗਤੀਵਿਧੀਆਂ ਵਿੱਚ ਹਿੱਸਾ ਲਿਆ ਜਾਵੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਫ਼-ਸਫ਼ਾਈ ਲਈ ਕੀਤੇ ਜਾ ਰਹੇ ਯਤਨ ਹੇਠਲੇ ਪੱਧਰ ਤੱਕ ਸੁਧਾਰਾਂ ਵਿੱਚ ਤਬਦੀਲ ਹੋ ਸਕਣ। ਕੈਬਨਿਟ ਮੰਤਰੀ ਨੇ ਕਿਹਾ ਕਿ ਸਫ਼ਾਈ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਏ । ਉਨ੍ਹਾਂ ਸ਼ਹਿਰ ਵਾਸੀਆਂ ਨੂੰ ਜ਼ਿੰਮੇਵਾਰੀ ਨਾਲ ਕੂੜੇ ਦਾ ਨਿਪਟਾਰਾ ਕਰਨ, ਸਾਫ਼-ਸਫ਼ਾਈ ਵਿੱਚ ਨਗਰ ਨਿਗਮ ਤੇ ਹੋਰ ਅਧਿਕਾਰੀਆਂ ਨੂੰ ਸਹਿਯੋਗ ਦੇਣ ਅਤੇ ਜੋ ਥਾਵਾਂ ਸਾਫ਼ ਹੋ ਚੁੱਕੀਆਂ ਹਨ, ਉਨ੍ਹਾਂ ਥਾਵਾਂ 'ਤੇ ਮੁੜ ਕੂੜਾ ਸੁੱਟਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ। ਓਧਰ ਪਟਿਆਲਾ ਵਿਖੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਮੁਹਿੰਮ ਦੀ ਅਗਵਾਈ ਕੀਤੀ।

ਉਨ੍ਹਾਂ ਨੇ ਪਟਿਆਲਾ ਅਤੇ ਪੰਜਾਬ ਵਾਸੀਆਂ ਨੂੰ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਸੂਬੇ ਨੂੰ ਸਾਫ਼-ਸੁਥਰਾ ਰੱਖਣ ਲਈ ਸਰਗਰਮ ਸਹਿਯੋਗ ਦੇਣ ਦਾ ਸੱਦਾ ਦਿੱਤਾ। ਇਸੇ ਤਰਾਂ ਮੁਕਤਸਰ ਅਤੇ ਬਠਿੰਡਾ ਸਮੇਤ ਸੂਬੇ ਭਰ ਦੇ ਵੱਖ-ਵੱਖ ਜ਼ਿਲਿਆਂ 'ਚ ਲੋਕਾਂ ਨੇ ਇਸ ਮੁਹਿੰਮ 'ਚ ਆਪਣਾ ਯੋਗਦਾਨ ਪਾ ਰਹੇ ਨੇ।

-----------------------------------------------------------------------

ਪੰਜਾਬ ਸਰਕਾਰ ਆਸ਼ਰਿਤ ਅਤੇ ਅਨਾਥ ਬੱਚਿਆਂ ਨੂੰ ਸੁਰੱਖਿਅਤ ਬਚਪਨ, ਬਿਹਤਰ ਸਿੱਖਿਆ ਅਤੇ ਸਨਮਾਨਤ ਜੀਵਨ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਠੋਸ ਕਦਮ ਚੁੱਕੇ ਜਾ ਰਹੇ ਨੇ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਾਲ 2026-27 ਦੌਰਾਨ ਇਸ ਯੋਜਨਾ ਲਈ ਪੰਜਾਬ ਸਰਕਾਰ ਵੱਲੋਂ 432 ਕਰੋੜ 38 ਲਖ ਰੁਪਏ ਦਾ ਬਜਟ ਪ੍ਰਬੰਧ ਕੀਤਾ ਗਿਆ ਏ। ਇਸ ਵਿੱਚੋਂ ਹੁਣ ਤੱਕ 181 ਕਰੋੜ 23 ਲਖ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ, ਤਾਂ ਜੋ ਆਸ਼ਰਿਤ ਅਤੇ ਅਨਾਥ ਬੱਚਿਆਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਮੇਂ ਸਿਰ ਵਿੱਤੀ ਸਹਾਇਤਾ ਮਿਲਦੀ ਰਹੇ ਅਤੇ ਉਨ੍ਹਾਂ ਦਾ ਭਵਿੱਖ ਹੋਰ ਸੁਰੱਖਿਅਤ ਬਣਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ ਕਰੀਬ 2 ਲੱਖ 45 ਹਜ਼ਾਰ ਆਸ਼ਰਿਤ ਅਤੇ ਅਨਾਥ ਬੱਚਿਆਂ ਨੂੰ

ਨਿਯਮਿਤ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਏ ।. ਬਲਜੀਤ ਕੌਰ ਨੇ ਕਿਹਾ ਕਿ ਆਸ਼ਰਿਤ ਅਤੇ ਅਨਾਥ ਬੱਚੇ ਸਿਰਫ਼ ਸਰਕਾਰੀ ਅੰਕੜੇ ਨਹੀਂ, ਸਗੋਂ ਸਾਡੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹਨ। ਹਰ ਬੱਚੇ ਨੂੰ ਸੁਰੱਖਿਆ, ਮੌਕੇ ਅਤੇ ਸਨਮਾਨ ਨਾਲ ਅੱਗੇ ਵਧਣ ਦਾ ਅਧਿਕਾਰ ਏ । ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦਾ ਲਾਭ 21 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਲੈ ਸਕਦੇ ਨੇ, ਜਿਨ੍ਹਾਂ ਦੇ ਮਾਤਾ-ਪਿਤਾ ਦੋਵੇਂ ਨਹੀਂ ਰਹੇ, ਜਾਂ ਦੋਵੇਂ ਘਰੋਂ ਗੈਰ-ਹਾਜ਼ਰ ਹਨ, ਜਾਂ ਸਰੀਰਕ ਜਾਂ ਮਾਨਸਿਕ ਤੌਰ 'ਤੇ ਅਸਮਰੱਥ ਹੋਣ ਕਾਰਨ ਪਰਿਵਾਰ ਦੀ ਦੇਖਭਾਲ ਕਰਨ ਦੇ ਯੋਗ ਨਹੀਂ ਹਨ।

---

ਉੱਤਰੀ ਰੇਲਵੇ ਦੇ ਫ਼ਿਰੋਜ਼ਪੁਰ ਡਿਵੀਜ਼ਨ ਨੇ ਕੱਲ 30 ਅਗਸਤ ਨੂੰ ਰਾਧਾ ਸਵਾਮੀ ਸਤਿਸੰਗ ਦਿਵਸ ਦੇ ਮੌਕੇ 'ਤੇ ਬਿਆਸ ਤੋਂ ਫ਼ਿਰੋਜ਼ਪੁਰ ਛਾਉਣੀ ਤੱਕ ਇੱਕ ਵਿਸ਼ੇਸ਼ ਗੈਰ-ਰਾਖਵੀਂ ਇੱਕ-ਪਾਸੜ ਰੇਲਗੱਡੀ ਚਲਾਉਣ ਦਾ ਫੈਸਲਾ ਕੀਤਾ ਏ । ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਇਹ ਰੇਲਗੱਡੀ ਬਿਆਸ ਤੋਂ ਦੁਪਹਿਰ 12 ਵੱਜਕੇ 40 ਮਿੰਟ 'ਤੇ ਰਵਾਨਾ ਹੋਵੇਗੀ ਅਤੇ ਸ਼ਾਮ 5 ਵੱਜਕੇ 25 ਮਿੰਟ 'ਤੇ ਫ਼ਿਰੋਜ਼ਪੁਰ ਛਾਉਣੀ ਪਹੁੰਚੇਗੀ। ਰਸਤੇ ਵਿੱਚ, ਵਿਸ਼ੇਸ਼ ਰੇਲਗੱਡੀ ਢਿੱਲਵਾਂ, ਹਮੀਰਾ, ਕਰਤਾਰਪੁਰ, ਸੁਰਾਨੁੱਸੀ, ਜਲੰਧਰ ਸ਼ਹਿਰ, ਜਲੰਧਰ ਛਾਉਣੀ, ਫਗਵਾੜਾ, ਫਿਲੌਰ, ਲੁਧਿਆਣਾ, ਜਗਰਾਉਂ, ਮੋਗਾ ਅਤੇ ਤਲਵੰਡੀ ਭਾਈ

ਰੇਲਵੇ ਸਟੇਸ਼ਨਾਂ 'ਤੇ ਰੁਕੇਗੀ।

---------------------------------------------------------------

ਪੀ.ਐੱਮ. ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ, ਪਠਾਨਕੋਟ ਵਿਖੇ ਵਿਗਿਆਨ ਜੋਤੀ ਪ੍ਰੋਗਰਾਮ ਤਹਿਤ ਕਲਾਸ ਦਸਵੀਂ ਅਤੇ 11ਵੀਂ ਦੀਆਂ ਸਾਇੰਸ ਵਿਦਿਆਰਥਣਾਂ ਲਈ ਆਰਟੀਫ਼ੀਸ਼ੀਅਲ ਇੰਟੈਲੀਜੈਂਸ (AI) ਅਤੇ ਮਸ਼ੀਨ ਲਰਨਿੰਗ ਵਿਸ਼ੇ ’ਤੇ ਇੱਕ ਵਿਸ਼ੇਸ਼ ਜਾਗਰੂਕਤਾ ਲੈਕਚਰ ਅਤੇ ਇੰਟਰੈਕਟਿਵ ਸੈਸ਼ਨ ਕਰਵਾਇਆ ਗਿਆ। ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਆਧੁਨਿਕ ਤਕਨਾਲੋਜੀ ਦੇ ਉੱਭਰ ਰਹੇ ਖੇਤਰਾਂ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਵਿੱਚ ਵਿਗਿਆਨਕ ਸੋਚ, ਨਵੀਨਤਾ ਅਤੇ ਤਕਨੀਕੀ ਹੁਨਰਾਂ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡੀ. ਜੀ. ਸਿੰਘ ਨੇ ਵਿਦਿਆਰਥਣਾਂ ਨਾਲ ਰੂਬਰੂ ਹੁੰਦਿਆਂ ਆਧੁਨਿਕ ਤਕਨਾਲੋਜੀ ਅਤੇ ਭਵਿੱਖ ਦੀ ਸਿੱਖਿਆ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਭਵਿੱਖ ਦੀ ਸਿੱਖਿਆ ਅਤੇ ਰੋਜ਼ਗਾਰ ਦੀ ਨਵੀਂ ਦਿਸ਼ਾ ਹਨ। ਉਨ੍ਹਾਂ ਕਿਹਾ ਕਿ ਇਹ ਆਧੁਨਿਕ ਯੁੱਗ ਦੀਆਂ ਬਹੁਤ ਮਹੱਤਵਪੂਰਨ ਤਕਨੀਕਾਂ ਹਨ, ਜੋ ਸਿੱਖਿਆ, ਸਿਹਤ, ਖੇਤੀਬਾੜੀ, ਉਦਯੋਗ, ਖੋਜ ਅਤੇ ਰੋਜ਼ਗਾਰ ਸਮੇਤ ਲਗਭਗ ਹਰ ਖੇਤਰ ਨੂੰ ਪ੍ਰਭਾਵਿਤ ਕਰ ਰਹੀਆਂ ਹਨ।

---

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵਿਖੇ ਪੰਜ ਦਿਨਾ ਸੂਰ ਪਾਲਣ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ । ਕੋਰਸ ਨਿਰਦੇਸ਼ਕ ਅਤੇ ਵੈਟਨਰੀ ਪਸਾਰ ਸਿੱਖਿਆ ਵਿਭਾਗ ਦੇ ਮੁਖੀ, ਡਾ. ਜਸਵਿੰਦਰ ਸਿੰਘ, ਨੇ ਦੱਸਿਆ ਕਿ ਸਿਖਲਾਈ ਪ੍ਰੋਗਰਾਮ ਵਿੱਚ ਸਿਧਾਂਤਕ ਅਤੇ ਵਿਹਾਰਕ ਸੈਸ਼ਨਾਂ ਦਾ ਇੱਕ ਸੰਤੁਲਿਤ ਮਿਸ਼ਰਣ ਸੀ। ਪਾਠਕ੍ਰਮ ਦਾ ਉਦੇਸ਼ ਆਧੁਨਿਕ ਸੂਰ ਪਾਲਣ ਲਈ ਜ਼ਰੂਰੀ ਵਿਗਿਆਨਕ ਗਿਆਨ ਅਤੇ ਵਿਹਾਰਕ ਹੁਨਰ ਪ੍ਰਦਾਨ ਕਰਨਾ ਸੀ। ਮੁੱਖ ਵਿਸ਼ਿਆਂ ਵਿੱਚ ਰਿਹਾਇਸ਼, ਪ੍ਰਜਣਨ , ਖੁਰਾਕ , ਸਿਹਤ ਪ੍ਰਬੰਧਨ, ਅਤੇ ਮੰਡੀਕਾਰੀ ਰਣਨੀਤੀਆਂ ਸ਼ਾਮਲ ਸਨ। ਨਿਰਦੇਸ਼ਕ ਪਸਾਰ ਸਿੱਖਿਆ ਡਾ. ਰਵਿੰਦਰ ਸਿੰਘ ਗਰੇਵਾਲ, ਨੇ ਪਸ਼ੂ ਪਾਲਕਾਂ ਅਤੇ ਸਹਾਇਕ ਕਾਰੋਬਾਰਾਂ ਦੇ ਆਰਥਿਕ ਵਿਕਾਸ, ਸਥਿਰਤਾ ਅਤੇ ਭਲਾਈ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਸਾਰੇ ਭਾਗੀਦਾਰਾਂ ਨੂੰ ਪ੍ਰਮਾਣ ਪੱਤਰ ਪ੍ਰਦਾਨ ਕੀਤੇ ਗਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਭਾਰਤ ਦੀਆਂ ਸਭ ਤੋਂ ਮਹਾਨ ਖੇਡ ਸ਼ਖਸ਼ੀਅਤਾਂ ਵਿੱਚੋਂ ਇੱਕ, ਮੇਜਰ ਧਿਆਨ ਚੰਦ ਦੇ ਜਨਮ ਦਿਨ ਮੌਕੇ ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ।
- ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਪ੍ਰਸ਼ਾਸਕੀ ਸਕੱਤਰਾਂ ਅਤੇ ਵਿਭਾਗਾਂ ਦੇ ਮੁਖੀਆਂ ਨੂੰ, 27 ਅਗਸਤ ਦੀ ਸਮੂਹਿਕ ਛੁੱਟੀ ਵਿੱਚ ਹਿੱਸਾ ਲੈਣ ਵਾਲੇ ਸਾਰੇ ਮੁਲਾਜ਼ਮਾਂ ਨੂੰ ਕਾਰਨ-ਦੱਸੋ ਨੋਟਿਸ ਜਾਰੀ ਕਰਨ ਦੇ ਨਿਰਦੇਸ਼ ਦਿੱਤੇ।
- ਪੰਜਾਬ ਸਰਕਾਰ ਵੱਲੋਂ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਗੇੜ ਤਹਿਤ 10 ਦਿਨਾਂ ਸੂਬਾ ਪੱਧਰੀ ਸਫ਼ਾਈ ਮੁਹਿੰਮ ਦੀ ਸ਼ੁਰੂਆਤ।ਅਤੇ
- ਪੰਜਾਬ ਸਰਕਾਰ ਨੇ ਆਸ਼ਰਿਤ ਤੇ ਅਨਾਥ ਬੱਚਿਆਂ ਦੇ ਬਿਹਤਰ ਭਵਿੱਖ ਲਈ, 181 ਕਰੋੜ ਤੋਂ ਵੱਧ ਰੁਪਏ ਜਾਰੀ ਕੀਤੇ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ**